# ਵਲਸਾਈਕਲੋਵੀਰ VALACYCLOVIR

- ਇਹ ਵਲਟਰੈਕਸ® ਨਾਮ ਨਾਲ ਵੀ ਜਾਣੀ ਜਾਂਦੀ ਹੈ।
- ਇਸ ਦਵਾਈ ਦੀਆਂ ਖਾਣ ਲਈ ਗੋਲੀਆਂ ਮਿਲਦੀਆਂ ਹਨ।
- ਇਹ ਦਵਾਈ ਬੀ.ਸੀ. ਟ੍ਰਾਂਸਪਲਾਂਟ ਵੱਲੋਂ ਨਹੀਂ ਦਿੱਤੀ ਜਾਂਦੀ ਅਤੇ ਤੁਸੀਂ ਆਪਣੀ ਪਸੰਦ ਦੀ ਫਾਰਮੇਸੀ ਤੋਂ ਖ਼ਰੀਦ ਸਕਦੇ ਹੋ।

## ਇਹ ਦਵਾਈ ਕਿਹੋ ਜਿਹੀ ਨਜ਼ਰ ਆਉਂਦੀ ਹੈ? What does the medication look like?

ਇਸ ਦਵਾਈ ਦੇ ਕਈ ਬਰਾਂਡ ਹਨ ਤੁਹਾਡੀ ਦਵਾਈ ਸ਼ਾਇਦ ਹੇਠਾਂ ਦਿਖਾਏ ਚਿੱਤਰ ਵਾਂਗ ਦਿਖਾਈ ਨਾ ਦੇਵੇ। ਜੇ ਤੁਹਾਡੇ ਮਨ ਵਿਚ ਕੋਈ ਸਵਾਲ ਹੈ ਤਾਂ ਆਪਣੇ ਟ੍ਰਾਂਸਪਲਾਂਟ ਵਾਲੇ ਫਾਰਮਾਸਿਸਟ ਨੂੰ ਪੁੱਛੋ।

**ਵਲਸਾਈਕਲੋਵੀਰ 500 ਮਿ.ਗ੍ਰਾਮ ਦੀ ਗੋਲੀ**



## ਇਹ ਦਵਾਈ ਕਿਸ ਲਈ ਹੈ? What is this medication for?

ਇਹ ਐਂਟੀਵਾਇਰਲ ਦਵਾਈ ਹੈ। ਅੰਗ ਬਦਲਨ ਤੋਂ ਬਾਅਦ ਕੁੱਝ ਮਹੀਨਿਆਂ ਲਈ ਤੁਹਾਨੂੰ ਕੁੱਝ ਵਾਇਰਲ ਇਨਫੈਕਸ਼ਨਾਂ ਜਿਵੇਂ ਕਿ ਹਰਪੀਜ਼, ਖਸਰਾ, ਸ਼ਿੰਗਲਜ਼ ਅਤੇ ਕੋਲਡ ਸੋਰਜ਼ ਤੋਂ ਬਚਾਉਣ ਲਈ ਇਹ ਦਵਾਈ ਦਿੱਤੀ ਜਾ ਸਕਦੀ ਹੈ।

## ਮੈਂ ਇਹ ਦਵਾਈ ਕਿਵੇਂ ਲਵਾਂ? How should I take this medication?

| | | |
|---|---|---|
| | ਇਹ ਦਵਾਈ ਦਿਨ ਵਿਚ **ਇੱਕ ਵਾਰ** ਲਵੋ<br>(ਮਿਸਾਲ ਲਈ ਰੋਜ਼ 9 ਵਜੇ ਸੁਬ੍ਹਾ) | ਤੁਹਾਡੀ ਦਵਾਈ ਦਾ ਟਾਈਮ: ____________________ |
| | ਇਹ ਦਵਾਈ ਦਿਨ ਵਿਚ **ਦੋ ਵਾਰ** ਲਵੋ<br>(ਮਿਸਾਲ ਲਈ ਰੋਜ਼ 9 ਵਜੇ ਸੁਬ੍ਹਾ ਅਤੇ 9 ਵਜੇ ਰਾਤ) | ਤੁਹਾਡੀ ਦਵਾਈ ਦਾ ਟਾਈਮ: ____________________ |

- ਇਹ ਦਵਾਈ ਖਾਣੇ ਦੇ ਨਾਲ ਜਾਂ ਖਾਣੇ ਤੋਂ ਬਿਨਾਂ ਲਈ ਜਾ ਸਕਦੀ ਹੈ।
- ਇਹ ਦਿਨੇ ਕਿਸੇ ਸਮੇਂ ਲਈ ਜਾ ਸਕਦੀ ਹੈ ਅਤੇ ਹੋਰ ਦਵਾਈਆਂ ਵਾਂਗ ਨਿਸ਼ਚਿਤ ਸਮੇਂ ਤੇ ਹੀ ਲੈਣੀ ਚਾਹੀਦੀ ਹੈ। ਦਵਾਈ ਦਾ ਲੈਵਲ ਸਰੀਰ ਵਿਚ ਇਕਸਾਰ ਰੱਖਣ ਲਈ ਦਵਾਈ ਹਰ ਰੋਜ਼ ਇੱਕ ਨਿਰਧਾਰਤ ਸਮੇਂ ਤੇ ਹੀ ਲਵੋ।

## ਖ਼ੁਰਾਕ ਭੁੱਲ ਗਏ ਜਾਂ ਖ਼ੁਰਾਕ ਉਲਟੀ ਕਰ ਦਿੱਤੀ: Missed Dose or Vomited Dose:

**ਜੇ ਤੁਸੀਂ ਦਵਾਈ ਦੀ ਖ਼ੁਰਾਕ ਲੈਣੀ ਭੁੱਲ ਜਾਓ** ਤਾਂ ਜਦੋਂ ਯਾਦ ਆਵੇ ਲੈ ਲਵੋ ਅਤੇ ਅਗਲੀ ਖ਼ੁਰਾਕ ਆਪਣੇ ਨਿਸ਼ਚਿਤ ਸਮੇਂ ਤੇ ਲੈ ਲਵੋ। ਪਰ ਜੇ ਸਮਾਂ ਅਗਲੀ ਖ਼ੁਰਾਕ ਲੈਣ ਤੋਂ ਅੱਧ ਤੋਂ ਜ਼ਿਆਦਾ ਬੀਤ ਗਿਆ ਹੈ ਤਾਂ ਇਹ ਖ਼ੁਰਾਕ ਰਹਿਣ ਦਿਓ ਅਤੇ ਅਗਲੀ ਖ਼ੁਰਾਕ ਹੀ ਟਾਈਮ ਸਿਰ ਲਵੋ। ਕਦੀ ਵੀ ਦੁਗਣੀ ਖ਼ੁਰਾਕ ਜਾਂ ਇੱਕ ਫਾਲਤੂ ਖ਼ੁਰਾਕ ਨਾ ਲਵੋ।

ਜੇ ਦਵਾਈ ਲੈਣ ਦੇ 30 ਮਿੰਟਾਂ ਅੰਦਰ **ਉਲਟੀ ਕਰ ਦਿਓ** ਜਾਂ ਜੇ ਤੁਸੀਂ ਕੁੱਝ ਦਵਾਈ ਉਲਟੀ ਨਾਲ ਬਾਹਰ ਆਉਂਦੀ ਵੇਖੋ ਤਾਂ ਖ਼ੁਰਾਕ ਦੁਬਾਰਾ ਲਵੋ। ਨਹੀਂ ਤਾਂ ਅਗਲੀ ਖ਼ੁਰਾਕ ਸਮੇਂ ਸਿਰ ਲਵੋ।

## ਇਸ ਦਵਾਈ ਦੇ ਸੰਭਾਵਿਤ ਬੁਰੇ ਪ੍ਰਭਾਵ ਕੀ ਹਨ? What are some possible side effects of this medication?

| ***ਬੁਰੇ ਪ੍ਰਭਾਵ Side Effect*** | **ਇਲਾਜ Management** |
|---|---|
| *ਦਿਲ ਕੱਚਾ ਹੋਣਾ, ਉਲਟੀਆਂ, ਦਸਤ* | ਦਵਾਈ ਖਾਣੇ ਨਾਲ ਜਾਂ ਦੁੱਧ ਨਾਲ ਲਵੋ। ਜੇ ਲੱਛਣ ਠੀਕ ਨਾ ਹੋਣ ਤਾਂ ਆਪਣੇ ਡਾਕਟਰ ਨੂੰ ਦਸੋ। |
| *ਸਿਰ ਦਰਦ* | ਠੀਕ ਹੋ ਜਾਏਗੀ। ਤੁਹਾਡਾ ਡਾਕਟਰ ਕਾਉਂਟਰ ਤੇ ਮਿਲਣ ਵਾਲੀ ਦਰਦ ਦੀ ਦਵਾਈ ਦੀ ਸਿਫ਼ਾਰਸ਼ ਕਰ ਸਕਦਾ ਹੈ। |